**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 06/77-16 ਅ4(2) ਕੋ:ਸ:3
ਮਿਤੀ, ਐਸ.ਏ.ਐਸ.ਨਗਰ :- 11.08.2017

ਸ਼੍ਰੀਮਤੀ ਜਤਿੰਦਰਪਾਲ ਕੌਰ, ਸ.ਸ. ਮਿਸਟ੍ਰੈਸ, ਸਹਸ ਘਵੱਦੀ, ਜਿਲ੍ਹਾ ਲੁਧਿਆਣਾ ਜੋ ਕਿ ਮਿਤੀ 27.05.04 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 06/132-14 ਅ4(2) ਮਿਤੀ 30-08-16 ਰਾਹੀਂ ਪੰਜਾਬ ਸਿਵਲ ਸੇਵਾਵਾਂ(ਦੰਡ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਸ਼੍ਰੀਮਤੀ ਜਤਿੰਦਰਪਾਲ ਕੌਰ, ਸ.ਸ. ਮਿਸਟ੍ਰੈਸ, ਸਹਸ ਘਵੱਦੀ, ਜਿਲ੍ਹਾ ਲੁਧਿਆਣਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਹੁਕਮ ਨੰ:6/132-14 ਅ4(2) ਮਿਤੀ 10.10.16/26.10.16 ਰਾਹੀਂ ਸ੍ਰੀ ਨਾਹਰ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਲੁਧਿਆਣਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਦੇ ਮਿਤੀ 27.05.04 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀਮਤੀ ਜਤਿੰਦਰਪਾਲ ਕੌਰ, ਸ.ਸ. ਮਿਸਟ੍ਰੈਸ, ਸਹਸ ਘਵੱਦੀ, ਜਿਲ੍ਹਾ ਲੁਧਿਆਣਾ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 25.04.17 ਨੂੰ " ਦ ਟ੍ਰਿਬਿਊਨ" ਵਿੱਚ ਪਬਲਿਕ ਨੋਟਿਸ ਦਿੱਤਾ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਪਰਮਜੀਤ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਜਤਿੰਦਰਪਾਲ ਕੌਰ, ਸ.ਸ. ਮਿਸਟ੍ਰੈਸ, ਸਹਸ ਘਵੱਦੀ, ਜਿਲ੍ਹਾ ਲੁਧਿਆਣਾ ਦੇ ਮਿਤੀ 27.05.04 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਪਰਮਜੀਤ ਸਿੰਘ, ਪੀ.ਸੀ.ਐੱਸ.
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 11147-50 ਮਿਤੀ, ਐਸ.ਏ.ਐਸ.ਨਗਰ :- 28/8/17

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਲੁਧਿਆਣਾ ਕਰਮਚਾਰਨ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ। (ਰਜਿ)
3. ਪ੍ਰਿੰਸੀਪਲ/ਮੁੱਖਅਧਿਆਪਕ, ਸਹਸ ਘਵੱਦੀ, ਜਿਲ੍ਹਾ ਲੁਧਿਆਣਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਜਤਿੰਦਰਪਾਲ ਕੌਰ, ਸ.ਸ. ਮਿਸਟ੍ਰੈਸ, ਸਹਸ ਘਵੱਦੀ, ਜਿਲ੍ਹਾ ਲੁਧਿਆਣਾ।

<u>ਨੱਥੀ:- ਸੇਵਾਪੱਤਰੀ(ਅਸਲ)</u>

ਸੁਪਰਡੰਟ ਕੋਆਰਡੀਨੇਸ਼ਨ ਸ਼ਾਖਾ